ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਮਿਸ. ਚਸ਼ਮਿੰਦਰ ਕੌਰ, (96466-00131)
ਪੁੱਤਰੀ ਲੇਟ ਸ਼੍ਰੀ ਗੁਰਵਿੰਦਰ ਸਿੰਘ,
825, ਅਨੰਦ ਨਗਰ-ਏ,
ਪਟਿਆਲਾ। ........ਸ਼ਿਕਾਇਤਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ),
ਪੰਜਾਬ, ਸਿੱਖਿਆ ਭਵਨ,
ਐਸ.ਏ.ਐਸ. ਨਗਰ (ਮੁਹਾਲੀ)। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:927 ਆਫ਼ 2018**

**ਹਾਜ਼ਰ:-** 1) ਸ਼ਿਕਾਇਤਕਰਤਾ ਵੱਲੋਂ ਉਸ ਦੇ ਪਿਤਾ ਸ਼੍ਰੀ ਗੁਰਵਿੰਦਰ ਸਿੰਘ (96466-00131)।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 08-06-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ), ਪੰਜਾਬ, ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਸਰਕਾਰੀ ਮਹਿੰਦਰਾ ਕਾਲਿਜ, ਪਟਿਆਲਾ ਦੇ ਜਨਵਰੀ 2014 ਤੋਂ ਜਨਵਰੀ, 2018 ਤੱਕ ਪੀ.ਟੀ.ਏ. ਫੰਡ ਅਤੇ ਹੋਰ ਮੱਦਾਂ ਨਾਲ ਸਬੰਧਤ 8 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 27-08-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਗਈ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 04-10-2018 ਨੂੰ ਅੱਜ ਪਹਿਲੀ ਸੁਣਵਾਈ ਮਿਤੀ 01-11-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ, ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ), ਪੰਜਾਬ) ਨੂੰ ਹਾਜ਼ਰ ਹੋਣਾ ਬਣਦਾ ਸੀ ਪਰੰਤੂ ਉਨ੍ਹਾਂ ਵੱਲੋਂ ਇਸ ਮਾਮਲੇ ਨੂੰ ਗੰਭੀਰਤਾ ਨਾਲ ਨਹੀਂ ਲਿਆ ਗਿਆ। ਸ਼ਿਕਾਇਤਕਰਤਾ ਵੱਲੋਂ ਹਾਜ਼ਰ ਉਸ ਦੇ ਪਿਤਾ ਸ਼੍ਰੀ ਗੁਰਵਿੰਦਰ ਸਿੰਘ ਨੇ ਦੱਸਿਆ ਹੈ ਕਿ ਲੋਕ ਸੂਚਨਾ ਅਧਿਕਾਰੀ-ਕਮ-ਪ੍ਰਿੰਸੀਪਲ, ਸਰਕਾਰੀ ਮਹਿੰਦਰਾ ਕਾਲਿਜ, ਪਟਿਆਲਾ ਵੱਲੋਂ ਆਪਣੇ ਪੱਤਰ ਨੰ:1999, ਮਿਤੀ 09-08-2018 ਰਾਹੀਂ ਸ਼ਿਕਾਇਤਕਰਤਾ ਨੂੰ ਸੂਚਿਤ ਕੀਤਾ ਗਿਆ ਹੈ ਕਿ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਸੂਚਨਾ ਤੀਜੀ ਧਿਰ ਨਾਲ ਸਬੰਧਤ ਹੋਣ ਕਾਰਨ ਉਸ ਨੂੰ ਦਿੱਤੀ ਨਹੀਂ ਜਾ ਸਕਦੀ। ਲੋਕ ਸੂਚਨਾ ਅਧਿਕਾਰੀ-ਕਮ-ਪ੍ਰਿੰਸੀਪਲ, ਸਰਕਾਰੀ ਮਹਿੰਦਰਾ ਕਾਲਿਜ, ਪਟਿਆਲਾ ਦੇ ਪੱਤਰ ਨੂੰ ਵਾਚਣ ਤੇ ਇਹ ਪਾਇਆ ਗਿਆ ਹੈ ਕਿ ਉਨ੍ਹਾਂ ਵੱਲੋਂ ਸ਼ਿਕਾਇਤਕਰਤਾ ਨੂੰ ਭੇਜਿਆ ਗਿਆ ਉੱਤਰ ਗਲਤ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ, ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ), ਪੰਜਾਬ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਦੇ ਬਿਨੈ-ਪੱਤਰ ਅਨੁਸਾਰ ਆਰ.ਟੀ.ਆਈ. ਐਕਟ, 2005 ਤਹਿਤ ਬਣਦਾ ਉੱਤਰ ਸ਼ਿਕਾਇਤਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ

ਚਲਦਾ---ਪੰਨਾ/2

**ਸ਼ਿਕਾਇਤ ਕੇਸ ਨੰ:927 ਆਫ਼ 2018**

ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਭੇਜਿਆ ਜਾਵੇ ਅਤੇ ਅਗਲੀ ਪੇਸ਼ੀ ਦੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਪੇਸ਼ ਕਰਨਾ ਵੀ ਯਕੀਨੀ ਬਣਾਇਆ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 17-12-2018 ਨੂੰ 11.30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।**

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ,** 01 **ਨਵੰਬਰ,** 2018. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਨੋਟ:-** ਲੋਕ ਸੂਚਨਾ ਅਧਿਕਾਰੀ-ਕਮ-ਪ੍ਰਿੰਸੀਪਲ, ਸਰਕਾਰੀ ਮਹਿੰਦਰਾ ਕਾਲਿਜ, ਪਟਿਆਲਾ ਦੀ ਤਰਫੋਂ ਸ਼੍ਰੀ ਨਿਖਿਲ ਬੱਤਾ, ਐਡਵੋਕੇਟ, ਅਦਾਲਤ ਦੀ ਕਾਰਵਾਈ ਖਤਮ ਹੋਣ ਉਪਰੰਤ ਹਾਜ਼ਰ ਹੋਏ ਜਿਨ੍ਹਾਂ ਨੂੰ ਅਦਾਲਤ ਦੀ ਕਾਰਵਾਈ ਤੋਂ ਜਾਣੂ ਕਰਵਾ ਦਿੱਤਾ ਗਿਆ ਹੈ।

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਗੁਰਸੇਵਕ ਸਿੰਘ, (98152-85150)
ਪੁੱਤਰ ਲੇਟ ਸ਼੍ਰੀ ਕਰਮ ਸਿੰਘ,
ਪਿੰਡ ਸੈਦਪੁਰਾ, ਡਾਕਖਾਨਾ ਭੜੀ,
ਤਹਿਸੀਲ ਖਮਾਣੋਂ,
ਜ਼ਿਲ੍ਹਾ ਫਤਿਹਗੜ੍ਹ ਸਾਹਿਬ। ........ਸ਼ਿਕਾਇਤਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਰਜਿਸਟਰਾਰ,
ਪੰਜਾਬ ਮੈਡੀਕਲ ਕੌਂਸਿਲ,
ਮੈਡੀਕਲ ਸਿੱਖਿਆ ਭਵਨ,
ਸੈਕਟਰ-69, ਐਸ.ਏ.ਐਸ.ਨਗਰ,
(ਮੁਹਾਲੀ)-160062. ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:932 ਆਫ਼ 2018**

**ਹਾਜ਼ਰ:-** 1) ਸ਼੍ਰੀ ਗੁਰਸੇਵਕ ਸਿੰਘ, ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਕੋਈ ਨਹੀਂ।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 16-03-2018, ਲੋਕ ਸੂਚਨਾ ਅਧਿਕਾਰੀ ਦਫਤਰ ਰਜਿਸਟਰਾਰ, ਪੰਜਾਬ ਮੈਡੀਕਲ ਕੌਂਸਿਲ, ਐਸ.ਏ.ਐਸ.ਨਗਰ, ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਅਗਸਤ, 2014 ਤੋਂ 2018 (ਸੈਸ਼ਨ ਦੋਰਾਨ) ਤੱਕ ਸੰਜੀਵਨੀ ਕਾਲਿਜ ਆਫ ਨਰਸਿੰਗ, ਦਾਉਦਪੁਰ, ਖੰਨਾ, ਜ਼ਿਲ੍ਹਾ ਲੁਧਿਆਣਾ ਦੀ ਫੀਸ ਅਤੇ ਫੰਡਾਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-08-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਗਈ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 04-10-2018 ਨੂੰ ਅੱਜ ਪਹਿਲੀ ਸੁਣਵਾਈ ਮਿਤੀ 01-11-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਨੇ ਅੱਜ ਹਾਜ਼ਰ ਹੋ ਕੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਕੋਈ ਵੀ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਭੇਜੀ ਗਈ ਹੈ। ਪਰੰਤੂ ਉੱਤਰਦਾਤਾ ਵੱਲੋਂ ਇੱਕ ਪੱਤਰ ਨੰ:ਪਮਸ/2018/ ਆਰ.ਟੀ.ਆਈ./15147, ਮਿਤੀ 11-10-2018, ਜਿਸ ਦਾ ਇੱਕ ਉਤਾਰਾ ਸ਼ਿਕਾਇਤਕਰਤਾ ਨੂੰ ਵੀ ਭੇਜਿਆ ਗਿਆ ਹੈ, ਕਮਿਸ਼ਨ ਨੂੰ ਪ੍ਰਾਪਤ ਹੋਇਆ ਹੈ। ਇਸ ਪੱਤਰ ਰਾਹੀਂ ਉੱਤਰਦਾਤਾ ਵੱਲੋਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਜਾਣਕਾਰੀ ਪੰਜਾਬ ਨਰਸਿਜ਼ ਰਜਿਸਟਰੇਸ਼ਨ ਕੌਂਸਿਲ ਨਾਲ ਸਬੰਧਤ ਹੋਣ ਕਾਰਨ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ: ਪਮਸ/2018/ ਆਰ.ਟੀ.ਆਈ./8756, ਮਿਤੀ 23-03-2018, ਰਾਹੀਂ ਸ਼ਿਕਾਇਤਕਰਤਾ ਦਾ ਬਿਨੈਪੱਤਰ ਪੰਜਾਬ ਨਰਸਿਜ਼ ਰਜਿਸਟਰੇਸ਼ਨ ਕੌਂਸਿਲ ਨੂੰ ਟਰਾਂਸਫਰ ਕਰਦੇ ਹੋਏ

ਚਲਦਾ---ਪੰਨਾ2

**ਸ਼ਿਕਾਇਤ ਕੇਸ ਨੰ:932 ਆਫ਼ 2018**

ਸ਼ਿਕਾਇਤਕਰਤਾ ਨੂੰ ਵੀ ਸੂਚਿਤ ਕਰ ਦਿੱਤਾ ਗਿਆ ਸੀ ਕਿ ਅੱਗੇ ਤੋਂ ਉਹ ਜਾਣਕਾਰੀ ਹਿੱਤ ਸਬੰਧਤ ਕੌਂਸਿਲ ਨਾਲ ਸੰਪਰਕ ਕਰੇ। ਕਿਉਂਕਿ ਕਿ ਇਸ ਕੇਸ ਵਿੱਚ ਸ਼ਿਕਾਇਤਕਰਤਾ ਨੂੰ ਜਾਣਕਾਰੀ ਪੰਜਾਬ ਨਰਸਿਜ਼ ਰਜਿਸਟਰੇਸ਼ਨ ਕੌਂਸਿਲ ਵੱਲੋਂ ਮੁਹੱਈਆ ਕਰਵਾਈ ਜਾਣੀ ਹੈ ਇਸ ਲਈ ਲੋਕ ਸੂਚਨਾ ਅਧਿਕਾਰੀ ਦਫ਼ਤਰ ਪੰਜਾਬ ਨਰਸਿਜ਼ ਰਜਿਸਟਰੇਸ਼ਨ ਕੌਂਸਿਲ, ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਦੇ ਬਿਨੈ-ਪੱਤਰ ਅਨੁਸਾਰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਸ਼ਿਕਾਇਤਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਦੀ ਮਿਤੀ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 17-12-2018 ਨੂੰ 11.30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।**

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 01 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਕਾਪੀ:-**

**(ਰਜਿਸਟਰਡ)** ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪੰਜਾਬ ਨਰਸਿਜ਼ ਰਜਿਸਟਰੇਸ਼ਨ ਕੌਂਸਿਲ,
ਮੈਡੀਕਲ ਸਿੱਖਿਆ ਭਵਨ, ਸੈਕਟਰ-69,
ਮੁਹਾਲੀ,

ਨੂੰ ਤੁਰੰਤ ਲੋੜੀਂਦੀ ਕਾਰਵਾਈ ਹਿੱਤ।

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਗੁਰਤੇਜ ਸਿੰਘ, (87270-94630)
ਪੁੱਤਰ ਸ਼੍ਰੀ ਨੈਬ ਸਿੰਘ,
ਵਾਸੀ ਪਿੰਡ ਖਾਨਪੁਰ ਫਕੀਰਾ,
ਤਹਿਸੀਲ ਦਿੜ੍ਹਬਾ,
ਜ਼ਿਲ੍ਹਾ ਸੰਗਰੂਰ। ........ਸ਼ਿਕਾਇਤਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਸੀਨੀਅਰ ਕਪਤਾਨ, ਪੁਲਿਸ,
ਸੰਗਰੂਰ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:946 ਆਫ਼ 2018**

**ਹਾਜ਼ਰ:-** 1) ਸ਼ਿਕਾਇਤਕਰਤਾ ਵੱਲੋਂ ਸ਼੍ਰੀ ਪਰਮਿੰਦਰ ਸਿੰਘ (98157-10598)।
2) ਉੱਤਰਦਾਤਾ ਵੱਲੋਂ ਸ਼੍ਰੀ ਅਜੈਬ ਸਿੰਘ, ਏ.ਐਸ.ਆਈ.(80545-45442)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 30-04-2018, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ, ਸੰਗਰੂਰ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਆਪਣੀ ਦਰਖਾਸਤ ਨੰ:3063/ਪੀ, ਮਿਤੀ 09-04-2018 ਨਾਲ ਸਬੰਧਤ 5 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 31-08-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਗਈ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 04-10-2018 ਨੂੰ ਅੱਜ ਪਹਿਲੀ ਸੁਣਵਾਈ ਮਿਤੀ 01-11-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

3. ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. ਨੇ ਪੱਤਰ ਨੰ:97-ਅਪੀਲ/ਆਰ.ਟੀ.ਆਈ., ਮਿਤੀ 13-10-2018, ਜਿਸ ਦਾ ਇੱਕ ਉਤਾਰਾ ਸ਼ਿਕਾਇਤਕਰਤਾ ਨੂੰ ਵੀ ਪਿੱਠ-ਅੰਕਿਤ ਕੀਤਾ ਹੋਇਆ ਹੈ, ਪੇਸ਼ ਕੀਤਾ ਹੈ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਪੱਤਰ ਰਾਹੀਂ ਉੱਤਰਦਾਤਾ ਵੱਲੋਂ ਸੂਚਿਤ ਕੀਤਾ ਗਿਆ ਹੈ ਕਿ ਸ਼ਿਕਾਇਤਕਰਤਾ ਵੱਲੋਂ ਦਰਖਾਸਤ ਨੰ:3063-ਪੀ ਸਾਲ 2018 ਸਬੰਧੀ ਮੰਗੀਆਂ ਗਈਆਂ ਨਕਲਾਂ ਸ਼ਿਕਾਇਤਕਰਤਾ ਨੂੰ ਪਹਿਲਾਂ ਹੀ ਭੇਜ਼ ਦਿੱਤੀਆਂ ਗਈਆਂ ਸਨ ਅਤੇ ਹੁਣ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਸ਼ਿਕਾਇਤ ਕਰਨ ਉਪਰੰਤ ਮੰਗੀਆਂ ਗਈਆਂ ਨਕਲਾਂ ਮਿਤੀ 13-10-2018 ਨੂੰ ਰਜਿਸਟਰਡ ਡਾਕ ਰਾਹੀਂ ਸ਼ਿਕਾਇਤਕਰਤਾ ਨੂੰ ਦੁਬਾਰਾ ਭੇਜੀਆਂ ਜਾ ਚੁੱਕੀਆਂ ਹਨ। ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨੂੰ ਦਿੱਤੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ,01 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਰਕੇਸ਼ ਕੁਮਾਰ, (98788-27747 )
ਪੁੱਤਰ ਲੇਟ ਸ਼੍ਰੀ ਸੋਹਨ ਲਾਲ,
ਵਾਸੀ ਮਕਾਨ ਨੰ:1508,
ਨਾਲੀ ਮੁਹੱਲਾ, ਸੋਸ਼ਲ ਨਗਰ,
ਦੀਪਕ ਸਿਨੇਮਾ ਰੋਡ,
ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤ੍ਰਰ ਨਗਰ ਨਿਗਮ,
ਲਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤ੍ਰਰ ਨਗਰ ਨਿਗਮ,
ਲਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ: 2910 ਆਫ 2018**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋ ਵੀ ਕੋਈ ਨਹੀਂ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 03-01-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਨਗਰ ਨਿਗਮ, ਲਧਿਆਣਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਮਿਤੀ 01-02-2013 ਤੋਂ 28-02-2014 ਤੱਕ ਆਪਣੇ ਮਸਟਰੋਲ ਅਤੇ ਪੇਮੈਂਟ ਰਜਿਸਟਰ ਨਾਲ ਸਬੰਧਤ 2 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 14-03-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 29-08-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 04-10-2018 ਨੂੰ ਅੱਜ ਪਹਿਲੀ ਸੁਣਵਾਈ, ਮਿਤੀ 01-11-2018 ਨੂੰ ਸਵੇਰੇ 11-30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਦੋਵੇਂ ਧਿਰਾਂ ਵਿੱਚੋ ਅੱਜ ਪੇਸ਼ੀ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਦੀ ਮਿਤੀ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 18-12-2018 ਨੂੰ 11.30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।**

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 01 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਰਮਨਦੀਪ ਸਿੰਘ ਆਹਲੂਵਾਲੀਆ, (94175-94553)
ਵਾਰਡ ਨੰ:18, ਗਲੀ ਨੰ:2,
ਕਰਤਾਰ ਨਗਰ, ਅਮਲੋਹ ਰੋਡ,
ਖੰਨਾ-141401,
ਜ਼ਿਲ੍ਹਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤ਼ਰ ਨਿਗਰਾਨ ਇੰਜੀਨੀਅਰ,
ਕੰਸਟ੍ਰਕਸ਼ਨ ਸਰਕਲ,
ਲੋਕ ਨਿਰਮਾਣ ਵਿਭਾਗ (ਇਮਾਰਤਾਂ ਤੇ ਸੜਕਾਂ),
ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤ਼ਰ ਮੁੱਖ ਇੰਜੀਨੀਅਰ (ਸੈਂਟਰਲ),
ਹੈੱਡ ਆਫਿਸ, ਲੋਕ ਨਿਰਮਾਣ ਵਿਭਾਗ,
(ਇਮਾਰਤਾਂ ਤੇ ਸੜਕਾਂ),
ਪਟਿਆਲਾ। ------ਉੱਤਰਦਾਤਾ

**ਅਪੀਲ ਕੇਸ ਨੰ: 2939 ਆਫ 2018**

**ਹਾਜ਼ਰ:-** 1) ਸ਼੍ਰੀ ਰਮਨਦੀਪ ਸਿੰਘ ਆਹਲੂਵਾਲੀਆ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਮੇਜਰ ਸਿੰਘ, ਜੂਨੀਅਰ ਸਹਾਇਕ (75080-01412)

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 22-02-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਨਿਗਰਾਨ ਇੰਜੀਨੀਅਰ, ਕੰਸਟ੍ਰਕਸ਼ਨ ਸਰਕਲ, ਲੋਕ ਨਿਰਮਾਣ ਵਿਭਾਗ (ਇਮਾਰਤਾਂ ਤੇ ਸੜਕਾਂ), ਸੰਗਰੂਰ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਐਨਲਿਸਟ ਨੰ:14451, ਮਿਤੀ 18-06-2018 ਨਾਲ ਸਬੰਧਤ "The Sarvaya Co-op. L&C Society Ltd." ਸਬੰਧੀ 2 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 19-04-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 31-08-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 04-10-2018 ਨੂੰ ਅੱਜ ਪਹਿਲੀ ਸੁਣਵਾਈ, ਮਿਤੀ 01-11-2018 ਨੂੰ ਸਵੇਰੇ 11-30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਮੇਜਰ ਸਿੰਘ, ਜੂਨੀਅਰ ਸਹਾਇਕ ਨੇ ਦੱਸਿਆ ਕਿ ਕੁੱਝ ਸੂਚਨਾ ਉਨ੍ਹਾਂ ਵੱਲੋਂ ਪਹਿਲਾਂ ਹੀ ਅਪੀਲਕਰਤਾ ਨੂੰ ਭੇਜੀ ਜਾ ਚੁੱਕੀ ਹੈ ਅਤੇ ਕੁੱਝ ਸੂਚਨਾ ਅਪੀਲਕਰਤਾ ਨੂੰ ਹੁਣ ਦੇਣ ਵਾਸਤੇ ਲੈ ਕੇ ਆਇਆ ਹੈ। ਅਪੀਲਕਰਤਾ ਨੇ ਮੰਨਿਆ ਹੈ ਕਿ ਉਸ ਨੂੰ ਪਹਿਲਾਂ ਕੁੱਝ ਸੂਚਨਾ ਪ੍ਰਾਪਤ ਹੋਈ ਹੈ ਪਰੰਤੂ ਸੂਚਨਾ ਤਸਦੀਕ-ਸ਼ੁਦਾ ਨਹੀਂ ਹੈ। ਇਸ ਲਈ ਅਪੀਲਕਰਤਾ ਨੇ ਕਿਹਾ

**ਅਪੀਲ ਕੇਸ ਨੰ: 2939 ਆਫ 2018**

ਹੈ ਕਿ ਤਸਦੀਕ-ਸ਼ੁਦਾ ਸੂਚਨਾ ਮੁਹੱਈਆ ਕਰਵਾਈ ਜਾਵੇ। ਅਪੀਲਕਰਤਾ ਨੂੰ ਪਹਿਲਾਂ ਭੇਜੀ ਗਈ ਅਤੇ ਹੁਣ ਭੇਜੀ ਜਾਣ ਵਾਲੀ ਸੂਚਨਾ ਉੱਤਰਦਾਤਾ ਵੱਲੋਂ ਹਾਜ਼ਰ ਕਰਮਚਾਰੀ ਨੂੰ ਵਾਪਸ ਕਰਦੇ ਹੋਏ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਹ ਸੂਚਨਾ ਤਸਦੀਕ ਕਰਨ ਉਪਰੰਤ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀ ਭੇਜ਼ ਦਿੱਤੀ ਜਾਵੇ ਅਤੇ ਪੇਸ਼ੀ ਦੀ ਮਿਤੀ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਅਪੀਲਕਰਤਾ ਵੱਲੋਂ ਸੂਚਨਾ ਪ੍ਰਾਪਤ ਕੀਤੇ ਜਾਣ ਦੀ ਪੁਸ਼ਟੀ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 17-12-2018 ਨੂੰ 11.30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।**

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 01 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਰਮਨਦੀਪ ਸਿੰਘ ਆਹਲੂਵਾਲੀਆ, (94175-94553)
ਵਾਰਡ ਨੰ:18, ਗਲੀ ਨੰ:2,
ਕਰਤਾਰ ਨਗਰ, ਅਮਲੋਹ ਰੋਡ,
ਖੰਨਾ-141401,
ਜ਼ਿਲ੍ਹਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤ਼ਰ ਕਾਰਜਕਾਰੀ ਇੰਜੀਨੀਅਰ,
ਪ੍ਰੋਵਿਜ਼ਨਲ ਡਿਵੀਜ਼ਨ,
ਲੋਕ ਨਿਰਮਾਣ ਵਿਭਾਗ (ਇਮਾਰਤਾਂ ਤੇ ਸੜਕਾਂ),
ਫਿਰੋਜ਼ਪੁਰ।

ਪਹਿਲੀ ਅਪੀਲੀ ਅਥਾਰਟੀ,
ਦਫਤ਼ਰ ਮੁੱਖ ਇੰਜੀਨੀਅਰ (ਦੱਖਣੀ),
ਹੈੱਡ ਆਫਿਸ, ਲੋਕ ਨਿਰਮਾਣ ਵਿਭਾਗ,
(ਇਮਾਰਤਾਂ ਤੇ ਸੜਕਾਂ), ਪਟਿਆਲਾ। ------ਉੱਤਰਦਾਤਾ

**ਅਪੀਲ ਕੇਸ ਨੰ: 2940 ਆਫ 2018**

**ਹਾਜ਼ਰ:-** 1) ਸ਼੍ਰੀ ਰਮਨਦੀਪ ਸਿੰਘ ਆਹਲੂਵਾਲੀਆ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 22-02-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਕਾਰਜਕਾਰੀ ਇੰਜੀਨੀਅਰ, ਪ੍ਰੋਵਿਜ਼ਨਲ ਡਿਵੀਜ਼ਨ, ਲੋਕ ਨਿਰਮਾਣ ਵਿਭਾਗ (ਇਮਾਰਤਾਂ ਤੇ ਸੜਕਾਂ), ਫਿਰੋਜ਼ਪੁਰ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਐਨਲਿਸਟ ਨੰ:3945, ਮਿਤੀ 31-12-2013 ਨਾਲ ਸਬੰਧਤ "The Durga Co-op. L&C Society Ltd." ਸਬੰਧੀ 3 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 19-04-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 31-08-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 04-10-2018 ਨੂੰ ਅੱਜ ਪਹਿਲੀ ਸੁਣਵਾਈ, ਮਿਤੀ 01-11-2018 ਨੂੰ ਸਵੇਰੇ 11-30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅਪੀਲਕਰਤਾ ਨੇ ਅੱਜ ਹਾਜ਼ਰ ਹੋ ਕੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਈ.ਰਾਹੀਂ ਭੇਜੇ ਗਏ ਆਪਣੇ ਪੱਤਰ ਨੰ:1724, ਮਿਤੀ 30-10-2018 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਦਫ਼ਤਰੀ ਸਟਾਫ ਦੀਆਂ ਨਾੜ/ਪਰਾਲੀ ਸਾੜਣ ਤੋਂ ਰੋਕਣ ਲਈ ਡਿਊਟੀਆਂ ਲੱਗੀਆਂ ਹੋਈਆਂ ਹਨ, ਜਿਸ ਕਰਕੇ ਅੱਜ ਮਿਤੀ 01-11-2018 ਨੂੰ ਇਹ ਕੇਸ ਅਟੈਂਡ ਨਹੀਂ ਕੀਤਾ ਜਾ ਸਕਦਾ। ਇਸ ਲਈ ਉਨ੍ਹਾਂ ਵੱਲੋਂ ਪੇਸ਼ੀ ਲਈ ਅਗਲੀ ਮਿਤੀ ਲਈ ਬੇਨਤੀ ਕੀਤੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਦੀ ਮਿਤੀ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 17-12-2018 ਨੂੰ 11.30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।**

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 01 ਨਵੰਬਰ, 2018. ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਰਮਨਦੀਪ ਸਿੰਘ ਆਹਲੂਵਾਲੀਆ, (94175-94553)
ਵਾਰਡ ਨੰ:18, ਗਲੀ ਨੰ:2,
ਕਰਤਾਰ ਨਗਰ, ਅਮਲੋਹ ਰੋਡ,
ਖੰਨਾ-141401,
ਜ਼ਿਲ੍ਹਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤ਼ਰ ਮੁੱਖ ਇੰਜੀਨੀਅਰ (ਉੱਤਰੀ),
ਹੈੱਡ ਆਫਿਸ, ਲੋਕ ਨਿਰਮਾਣ ਵਿਭਾਗ,
(ਇਮਾਰਤਾਂ ਤੇ ਸੜਕਾਂ),
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫਤ਼ਰ ਵਧੀਕ ਸਕੱਤਰ, ਲੋਕ ਨਿਰਮਾਣ ਵਿਭਾਗ,
(ਇਮਾਰਤਾਂ ਤੇ ਸੜਕਾਂ), ਪੰਜਾਬ,
ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ: 2941 ਆਫ 2018**

**ਹਾਜ਼ਰ:-** 1) ਸ਼੍ਰੀ ਰਮਨਦੀਪ ਸਿੰਘ ਆਹਲੂਵਾਲੀਆ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 19-04-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਮੁੱਖ ਇੰਜੀਨੀਅਰ (ਉੱਤਰੀ), ਹੈੱਡ ਆਫਿਸ, ਲੋਕ ਨਿਰਮਾਣ ਵਿਭਾਗ,(ਇਮਾਰਤਾਂ ਤੇ ਸੜਕਾਂ), ਪਟਿਆਲਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਨੇ ਕਾਰਜਕਾਰੀ ਇੰਜੀਨੀਅਰ, ਕੰਸਟ੍ਰਕਸ਼ਨ ਡਿਵੀਜ਼ਨ, ਲੋਕ ਨਿਰਮਾਣ ਵਿਭਾਗ, (ਇਮਾਰਤਾਂ ਤੇ ਸੜਕਾਂ), ਪਟਿਆਲਾ ਵੱਲੋਂ ਐਨਲਿਸਟਮੈਂਟ ਸਰਟੀਫਿਕੇਟ ਨੂੰ ਕੈਂਸਲ ਕਰਨ ਵਿਰੁੱਧ ਮਿਤੀ 21-02-2018 ਨੂੰ ਪੋਸਟ ਕੀਤੀ ਗਈ ਸ਼ਿਕਾਇਤ ਮਿਤੀ 19-02-2018 ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 18-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 31-08-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 04-10-2018 ਨੂੰ ਅੱਜ ਪਹਿਲੀ ਸੁਣਵਾਈ, ਮਿਤੀ 01-11-2018 ਨੂੰ ਸਵੇਰੇ 11-30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅਪੀਲਕਰਤਾ ਨੇ ਅੱਜ ਹਾਜ਼ਰ ਹੋ ਕੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉੱਤਰਦਾਤਾ (ਪਹਿਲੀ ਅਪੀਲੀ ਅਥਾਰਟੀ) ਵੱਲੋਂ ਇੱਕ ਪੱਤਰ ਨੰ:19/25/2018-ਇਸ1(3)/1342503/1, ਮਿਤੀ 30-10-2018 ਪ੍ਰਾਪਤ ਹੋਇਆ ਹੈ ਜਿਸ ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਇਸ ਕੇਸ ਵਿੱਚ ਅਪੀਲਕਰਤਾ ਵੱਲੋਂ ਮੰਗੀ ਗਈ

ਚਲਦਾ---ਪੰਨਾ/2

**<u>ਅਪੀਲ ਕੇਸ ਨੰ: 2941 ਆਫ 2018</u>**

ਸੂਚਨਾ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਦਿੱਤੀ ਜਾਣੀ ਬਣਦੀ ਹੈ। ਇਸ ਕਰਕੇ ਉਨ੍ਹਾਂ ਵੱਲੋਂ ਅਪੀਲਕਰਤਾ ਦਾ ਬਿਨੈ-ਪੱਤਰ ਵੀ ਆਰ.ਟੀ.ਆਈ. ਐਕਟ, 2005 ਦੀ ਧਾਰਾ 6(3) ਤਹਿਤ ਮੁੱਖ ਇੰਜੀਨੀਅਰ (ਉੱਤਰੀ), ਹੈੱਡ ਆਫਿਸ, ਲੋਕ ਨਿਰਮਾਣ ਵਿਭਾਗ, (ਇਮਾਰਤਾਂ ਤੇ ਸੜਕਾਂ), ਪਟਿਆਲਾ ਨੂੰ ਤਬਦੀਲ ਕਰ ਦਿੱਤਾ ਗਿਆ ਹੈ।ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਦੀ ਮਿਤੀ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਲਈ ਇਹ ਕੇਸ **<u>ਅਗਲੀ ਸੁਣਵਾਈ ਮਿਤੀ 17-12-2018 ਨੂੰ 11.30 ਵਜੇ ਲਈ</u>** **ਨਿਸਚਿਤ ਕੀਤਾ ਜਾਂਦਾ ਹੈ।**

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 01 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**<u>ਨੋਟ:-</u>** ਲੋਕ ਸੂਚਨਾ ਅਧਿਕਾਰੀ ਦਫਤਰ ਮੁੱਖ ਇੰਜੀਨੀਅਰ (ਉੱਤਰੀ), ਹੈੱਡ ਆਫਿਸ, ਲੋਕ ਨਿਰਮਾਣ ਵਿਭਾਗ, (ਇਮਾਰਤਾਂ ਤੇ ਸੜਕਾਂ), ਪਟਿਆਲਾ ਦੀ ਤਰਫੋਂ ਸ਼੍ਰੀ ਅਸ਼ਵਨੀ ਕੁਮਾਰ, ਵਰਕ ਮਿਸਤਰੀ (ਮੋ:97814-21323) ਲੋਕ ਨਿਰਮਾਣ ਵਿਭਾਗ, (ਇਮਾਰਤਾਂ ਤੇ ਸੜਕਾਂ), ਕੰਸਟ੍ਰਕਸ਼ਨ ਡਿਵੀਜ਼ਨ, ਸਰਹਿੰਦ (ਫਤਿਹਗੜ੍ਹ ਸਾਹਿਬ) ਅਦਾਲਤ ਦੀ ਕਾਰਵਾਈ ਖਤਮ ਹੋਣ ਉਪਰੰਤ ਹਾਜ਼ਰ ਹੋਇਆ ਜਿਸ ਨੂੰ ਅਦਾਲਤ ਦੀ ਕਾਰਵਾਈ ਤੋਂ ਜਾਣੂ ਕਰਵਾ ਦਿੱਤਾ ਗਿਆ ਹੈ।

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਮਨਪ੍ਰੀਤ ਸਿੰਘ ਔਲਖ, (98551-00351)
ਪੁੱਤਰ ਸ਼੍ਰੀ ਦੇਵਿੰਦਰ ਸਿੰਘ,
ਨੇੜੇ ਵਾਟਰ ਵਰਕਸ,
ਪਿੰਡ ਕੈਲਪੁਰ, ਡਾਕਖਾਨਾ ਦਾਖਾ,
ਜ਼ਿਲ੍ਹਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤ਼ਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਮੁੱਲਾਂਪੁਰ ਦਾਖਾ,
ਜ਼ਿਲ੍ਹਾ ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤ਼ਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ,
ਮਿੰਨੀ ਸਕੱਤਰੇਤ, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ: 2926 ਆਫ 2018**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 28-01-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਮੁੱਲਾਂਪੁਰ ਦਾਖਾ, ਜ਼ਿਲ੍ਹਾ ਲੁਧਿਆਣਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਮਿਤੀ 01 ਜਨਵਰੀ, 2005 ਤੋਂ ਮਿਤੀ-ਅੰਤ ਤੱਕ ਨਗਰ ਕੌਂਸਿਲ ਦਾਖਾ ਦੇ ਕਬਜ਼ੇ ਅਧੀਨ ਸਾਈਕਲ ਸਟੈਂਡ ਦੀ ਜਾਇਦਾਦ ਦੀ ਮਾਲਕੀਅਤ ਨਾਲ ਸਬੰਧਤ 8 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-03-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 31-08-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 04-10-2018 ਨੂੰ ਅੱਜ ਪਹਿਲੀ ਸੁਣਵਾਈ, ਮਿਤੀ 01-11-2018 ਨੂੰ ਸਵੇਰੇ 11-30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਆਪਣੇ ਨੁਮਾਇੰਦੇ, ਸ਼੍ਰੀ ਰਾਕੇਸ਼ ਕੁਮਾਰ ਗੁਪਤਾ, ਐਡਵੋਕੇਟ (ਮੋਬਾਇਲ ਨੰ:98149-24851) ਰਾਹੀਂ ਭੇਜੀ ਗਈ ਈ.ਮੇਲ ਦੁਆਰਾ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ ਅਤੇ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਤੋਂ ਇਲਾਵਾ ਉਸ ਵੱਲੋਂ ਲਗਭੱਗ 270

ਚਲਦਾ---ਪੰਨਾ/2

**ਅਪੀਲ ਕੇਸ ਨੰ: 2926 ਆਫ 2018**

ਦਿਨਾਂ ਦਾ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਸੂਚਨਾ ਨਾ ਪ੍ਰਾਪਤ ਹੋਣ ਕਾਰਨ ਮੁਆਵਜ਼ੇ ਤੋਂ ਇਲਾਵਾ ਲੋਕ ਸੂਚਨਾ ਅਧਿਕਾਰੀ ਨੂੰ ਜੁਰਮਾਨਾ ਲਾਉਣ ਬਾਰੇ ਵੀ ਕਿਹਾ ਗਿਆ ਹੈ।

3. ਉੱਤਰਦਾਤਾ ਵੱਲੋਂ ਵੀ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਵੀ ਈ.ਮੇਲ ਰਾਹੀਂ ਇੱਕ ਪੱਤਰ ਨੰ:1282, ਮਿਤੀ 31-10-2018 ਪ੍ਰਾਪਤ ਹੋਇਆ ਹੈ ਜਿਸ ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਨਗਰ ਕੌਂਸਿਲ, ਮੁੱਲਾਂਪੁਰ ਦਾਖਾ ਵਿੱਚ ਸਟਾਫ ਦੀ ਕਮੀ ਹੈ ਅਤੇ ਕਾਰਜ ਸਾਧਕ ਅਫਸਰ ਦੀ ਮਿਤੀ 17-10-2018 ਨੂੰ ਬਦਲੀ ਹੋ ਗਈ ਹੈ। ਮਿਤੀ 24-10-2018 ਨੂੰ ਨਗਰ ਕੌਂਸਿਲ ਜਗਰਾਓਂ ਦੇ ਕਾਰਜ ਸਾਧਕ ਅਫਸਰ ਵੱਲੋਂ ਵਾਧੂ ਚਾਰਜ ਨਗਰ ਕੌਂਸਿਲ, ਮੁੱਲਾਂਪੁਰ ਦਾਖਾ ਦਾ ਸੰਭਾਲ ਲਿਆ ਗਿਆ ਹੈ। ਨਗਰ ਕੌਂਸਿਲ, ਮੁੱਲਾਂਪੁਰ ਦਾਖਾ ਵਿਖੇ ਪੱਕੇ ਤੌਰ ਤੇ ਲੇਖਾਕਾਰ ਕੰਮ ਕਰ ਰਹੇ ਹਨ ਅਤੇ ਇੰਸਪੈਕਟਰ ਮੈਡੀਕਲ ਛੁੱਟੀ ਤੇ ਹੈ। ਇਸ ਤਰ੍ਹਾਂ ਉਨ੍ਹਾਂ ਵੱਲੋਂ ਕਿਹਾ ਗਿਆ ਹੈ ਕਿ ਲੋੜੀਂਦਾ ਰਿਕਾਰਡ ਦੇਣ ਵਿੱਚ ਸਮਾਂ ਲੱਗੇਗਾ। ਇਸ ਕਰਕੇ ਉਨ੍ਹਾਂ ਵੱਲੋ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਦੀ ਮਿਤੀ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 18-12-2018 ਨੂੰ 11.30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।**

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 01 ਨਵੰਬਰ, 2018.** 

**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਮਨਪ੍ਰੀਤ ਸਿੰਘ ਔਲਖ, (98551-00351)
ਪੁੱਤਰ ਸ਼੍ਰੀ ਦੇਵਿੰਦਰ ਸਿੰਘ,
ਨੇੜੇ ਵਾਟਰ ਵਰਕਸ,
ਪਿੰਡ ਕੈਲਪੁਰ, ਡਾਕਖਾਨਾ ਦਾਖਾ,
ਜ਼ਿਲ੍ਹਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤ਼ਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਮੁੱਲਾਂਪੁਰ ਦਾਖਾ,
ਜ਼ਿਲ੍ਹਾ ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤ਼ਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ,
ਮਿੰਨੀ ਸਕੱਤਰੇਤ, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ: 2927 ਆਫ 2018**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 29-01-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਕਾਰਜ ਸਾਧਕ ਅਫਸਰ,ਨਗਰ ਕੌਂਸਿਲ, ਮੁੱਲਾਂਪੁਰ ਦਾਖਾ, ਜ਼ਿਲ੍ਹਾ ਲੁਧਿਆਣਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਮਿਤੀ 01 ਜਨਵਰੀ, 2011 ਤੋਂ ਮਿਤੀ-ਅੰਤ ਤੱਕ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਫਿਰੋਜ਼ਪੁਰ ਰੋਡ, ਦਾਖਾ ਦੇ ਸਾਹਮਣੇ ਪਾਰਕ/ਗਰਾਊਂਡ ਦੇ ਵਿਕਾਸ ਨਾਲ ਸਬੰਧਤ 11 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 29-03-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 31-08-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 04-10-2018 ਨੂੰ ਅੱਜ ਪਹਿਲੀ ਸੁਣਵਾਈ, ਮਿਤੀ 01-11-2018 ਨੂੰ ਸਵੇਰੇ 11-30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਆਪਣੇ ਨੁਮਾਇੰਦੇ, ਸ਼੍ਰੀ ਰਾਕੇਸ਼ ਕੁਮਾਰ ਗੁਪਤਾ, ਐਡਵੋਕੇਟ (ਮੋਬਾਇਲ ਨੰ:98149-24851) ਰਾਹੀਂ ਭੇਜੀ ਗਈ ਈ.ਮੇਲ ਦੁਆਰਾ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ ਅਤੇ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਤੋਂ ਇਲਾਵਾ ਉਸ ਵੱਲੋਂ ਲਗਭੱਗ 270

ਚਲਦਾ---ਪੰਨਾ/2

ਦਿਨਾਂ ਦਾ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਸੂਚਨਾ ਨਾ ਪ੍ਰਾਪਤ ਹੋਣ ਕਾਰਨ ਮੁਆਵਜ਼ੇ ਤੋਂ ਇਲਾਵਾ ਲੋਕ ਸੂਚਨਾ ਅਧਿਕਾਰੀ ਨੂੰ ਜੁਰਮਾਨਾ ਲਾਉਣ ਬਾਰੇ ਵੀ ਕਿਹਾ ਗਿਆ ਹੈ।

3. ਉੱਤਰਦਾਤਾ ਵੱਲੋਂ ਵੀ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਵੀ ਈ.ਮੇਲ ਰਾਹੀਂ ਇੱਕ ਪੱਤਰ ਨੰ:1282, ਮਿਤੀ 31-10-2018 ਪ੍ਰਾਪਤ ਹੋਇਆ ਹੈ ਜਿਸ ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਨਗਰ ਕੌਂਸਿਲ, ਮੁੱਲਾਂਪੁਰ ਦਾਖਾ ਵਿੱਚ ਸਟਾਫ ਦੀ ਕਮੀ ਹੈ ਅਤੇ ਕਾਰਜ ਸਾਧਕ ਅਫਸਰ ਦੀ ਮਿਤੀ 17-10-2018 ਨੂੰ ਬਦਲੀ ਹੋ ਗਈ ਹੈ। ਮਿਤੀ 24-10-2018 ਨੂੰ ਨਗਰ ਕੌਂਸਿਲ ਜਗਰਾਓਂ ਦੇ ਕਾਰਜ ਸਾਧਕ ਅਫਸਰ ਵੱਲੋਂ ਵਾਧੂ ਚਾਰਜ ਨਗਰ ਕੌਂਸਿਲ, ਮੁੱਲਾਂਪੁਰ ਦਾਖਾ ਦਾ ਸੰਭਾਲ ਲਿਆ ਗਿਆ ਹੈ। ਨਗਰ ਕੌਂਸਿਲ, ਮੁੱਲਾਂਪੁਰ ਦਾਖਾ ਵਿਖੇ ਪੱਕੇ ਤੌਰ ਤੇ ਲੇਖਾਕਾਰ ਕੰਮ ਕਰ ਰਹੇ ਹਨ ਅਤੇ ਇੰਸਪੈਕਟਰ ਮੈਡੀਕਲ ਛੁੱਟੀ ਤੇ ਹੈ। ਇਸ ਤਰ੍ਹਾਂ ਉਨ੍ਹਾਂ ਵੱਲੋਂ ਕਿਹਾ ਗਿਆ ਹੈ ਕਿ ਲੋੜੀਂਦਾ ਰਿਕਾਰਡ ਦੇਣ ਵਿੱਚ ਸਮਾਂ ਲੱਗੇਗਾ। ਇਸ ਕਰਕੇ ਉਨ੍ਹਾਂ ਵੱਲੋ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਦੀ ਮਿਤੀ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 18-12-2018 ਨੂੰ 11.30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।**

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 01 ਨਵੰਬਰ, 2018.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਮਨਪ੍ਰੀਤ ਸਿੰਘ ਔਲਖ, (98551-00351)
ਪੁੱਤਰ ਸ਼੍ਰੀ ਦੇਵਿੰਦਰ ਸਿੰਘ,
ਨੇੜੇ ਵਾਟਰ ਵਰਕਸ,
ਪਿੰਡ ਕੈਲਪੁਰ, ਡਾਕਖਾਨਾ ਦਾਖਾ,
ਜ਼ਿਲ੍ਹਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤ਼ਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਮੁੱਲਾਂਪੁਰ ਦਾਖਾ,
ਜ਼ਿਲ੍ਹਾ ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤ਼ਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ,
ਮਿੰਨੀ ਸਕੱਤਰੇਤ, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ: 2928 ਆਫ 2018**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 27-01-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਕਾਰਜ ਸਾਧਕ ਅਫਸਰ,ਨਗਰ ਕੌਂਸਿਲ, ਮੁੱਲਾਂਪੁਰ ਦਾਖਾ, ਜ਼ਿਲ੍ਹਾ ਲੁਧਿਆਣਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਮਿਤੀ 01 ਜਨਵਰੀ, 2011 ਤੋਂ ਮਿਤੀ-ਅੰਤ ਤੱਕ ਨਗਰ ਕੌਂਸਿਲ ਦਾਖਾ ਦੀ ਕੁੱਝ ਜਾਇਦਾਦ ਦੀ ਮਲਕੀਅਤ ਅਤੇ ਜ਼ਮੀਨ ਦੇ ਗੈਰਕਾਨੂੰਨੀ ਕਬਜੇ ਲਈ ਕਈ ਵਿਭਾਗਾਂ ਦੇ ਨੋਟਿਸਾਂ ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 23-03-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 31-08-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 04-10-2018 ਨੂੰ ਅੱਜ ਪਹਿਲੀ ਸੁਣਵਾਈ, ਮਿਤੀ 01-11-2018 ਨੂੰ ਸਵੇਰੇ 11-30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਆਪਣੇ ਨੁਮਾਇੰਦੇ, ਸ਼੍ਰੀ ਰਾਕੇਸ਼ ਕੁਮਾਰ ਗੁਪਤਾ, ਐਡਵੋਕੇਟ (ਮੋਬਾਇਲ ਨੰ:98149-24851) ਰਾਹੀਂ ਭੇਜੀ ਗਈ ਈ.ਮੇਲ ਦੁਆਰਾ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ ਅਤੇ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਤੋਂ ਇਲਾਵਾ ਉਸ ਵੱਲੋਂ ਲਗਭੱਗ 270

ਚਲਦਾ---ਪੰਨਾ/2

ਦਿਨਾਂ ਦਾ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਸੂਚਨਾ ਨਾ ਪ੍ਰਾਪਤ ਹੋਣ ਕਾਰਨ ਮੁਆਵਜ਼ੇ ਤੋਂ ਇਲਾਵਾ ਲੋਕ ਸੂਚਨਾ ਅਧਿਕਾਰੀ ਨੂੰ ਜੁਰਮਾਨਾ ਲਾਉਣ ਬਾਰੇ ਵੀ ਕਿਹਾ ਗਿਆ ਹੈ।

3. ਉੱਤਰਦਾਤਾ ਵੱਲੋਂ ਵੀ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਵੀ ਈ.ਮੇਲ ਰਾਹੀਂ ਇੱਕ ਪੱਤਰ ਨੰ:1282, ਮਿਤੀ 31-10-2018 ਪ੍ਰਾਪਤ ਹੋਇਆ ਹੈ ਜਿਸ ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਨਗਰ ਕੌਂਸਿਲ, ਮੁੱਲਾਂਪੁਰ ਦਾਖਾ ਵਿੱਚ ਸਟਾਫ ਦੀ ਕਮੀ ਹੈ ਅਤੇ ਕਾਰਜ ਸਾਧਕ ਅਫਸਰ ਦੀ ਮਿਤੀ 17-10-2018 ਨੂੰ ਬਦਲੀ ਹੋ ਗਈ ਹੈ। ਮਿਤੀ 24-10-2018 ਨੂੰ ਨਗਰ ਕੌਂਸਿਲ ਜਗਰਾਓਂ ਦੇ ਕਾਰਜ ਸਾਧਕ ਅਫਸਰ ਵੱਲੋਂ ਵਾਧੂ ਚਾਰਜ ਨਗਰ ਕੌਂਸਿਲ, ਮੁੱਲਾਂਪੁਰ ਦਾਖਾ ਦਾ ਸੰਭਾਲ ਲਿਆ ਗਿਆ ਹੈ। ਨਗਰ ਕੌਂਸਿਲ, ਮੁੱਲਾਂਪੁਰ ਦਾਖਾ ਵਿਖੇ ਪੱਕੇ ਤੌਰ ਤੇ ਲੇਖਾਕਾਰ ਕੰਮ ਕਰ ਰਹੇ ਹਨ ਅਤੇ ਇੰਸਪੈਕਟਰ ਮੈਡੀਕਲ ਛੁੱਟੀ ਤੇ ਹੈ। ਇਸ ਤਰ੍ਹਾਂ ਉਨ੍ਹਾਂ ਵੱਲੋਂ ਕਿਹਾ ਗਿਆ ਹੈ ਕਿ ਲੋੜੀਂਦਾ ਰਿਕਾਰਡ ਦੇਣ ਵਿੱਚ ਸਮਾਂ ਲੱਗੇਗਾ। ਇਸ ਕਰਕੇ ਉਨ੍ਹਾਂ ਵੱਲੋ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਦੀ ਮਿਤੀ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 18-12-2018 ਨੂੰ 11.30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।**

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 01 ਨਵੰਬਰ, 2018.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਰਾਕੇਸ਼ ਪ੍ਰਕਾਸ਼,
ਕੇਸਰ ਐਡਵੋਕੇਟ ਸਟਰੀਟ,
ਨਿਊ ਕੋਰਟ ਰੋਡ,
ਮਾਨਸਾ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ
ਦਫ਼ਤਰ ਉਪ ਮੰਡਲ ਮੈਜਿਸਟਰੇਟ,
ਮਾਨਸਾ। ----ਉੱਤਰਦਾਤਾ

**ਸ਼ਿਕਾਇਤ ਕੇਸ ਨੰ:714 ਆਫ 2018**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵਲੋ ਸ਼੍ਰੀ ਗੁਰਕੀਰਤ ਸਿੰਘ, ਕਲਰਕ (84373-00494)।

**ਹੁਕਮ:-**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 12-4-2018, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਮਾਨਸਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਉਸ ਦੀ ਮਹੀਨਾ ਫਰਵਰੀ, 2018 ਦੀ ਰੋਕੀ ਗਈ ਤਨਖਾਹ ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 02-7-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਗਈ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 10-08-2018 ਨੂੰ ਪਹਿਲੀ ਸੁਣਵਾਈ ਮਿਤੀ 04-09-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਈ.ਮੇਲ ਰਾਹੀਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ ਅਤੇ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਤੋਂ ਇਲਾਵਾ ਉਸ ਵੱਲੋਂ ਲੋਕ ਸੂਚਨਾ ਅਧਿਕਾਰੀ ਨੂੰ ਜੁਰਮਾਨਾ ਲਾਉਣ ਬਾਰੇ ਵੀ ਬੇਨਤੀ ਕੀਤੀ ਗਈ ਹੈ।

3. ਉੱਤਰਦਾਤਾ ਵਲੋਂ ਹਾਜ਼ਰ ਸ਼੍ਰੀ ਗੁਰਕੀਰਤ ਸਿੰਘ, ਕਲਰਕ ਨੇ ਇੱਕ ਪੱਤਰ ਨੰ:617, ਮਿਤੀ 31-10-2018 ਪੇਸ਼ ਕੀਤਾ ਹੈ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਪੱਤਰ ਰਾਹੀਂ ਉੱਤਰਦਾਤਾ ਵੱਲੋਂ ਦੱਸਿਆ ਗਿਆ ਹੈ ਕਿ ਸੂਚਨਾ ਮੁਹੱਈਆ ਕਰਵਾਉਣ ਵਾਲੇ ਕਰਮਚਾਰੀ ਦੇ ਬਿਮਾਰੀ ਕਾਰਨ ਛੁੱਟੀ ਤੇ ਹੋਣ ਕਾਰਨ ਸ਼ਿਕਾਇਤਕਰਤਾ ਨੂੰ ਪਹਿਲਾਂ ਸੂਚਨਾ ਮੁਹੱਈਆ ਨਹੀਂ ਕਰਵਾਈ ਜਾ ਸਕੀ ਪਰੰਤੂ ਹੁਣ ਉਨ੍ਹਾਂ ਦੇ ਪੱਤਰ ਨੰ:616/ਆਰ.ਟੀ.ਆਈ. ਮਿਤੀ 31-1062018 ਰਾਹੀਂ ਸ਼ਿਕਾਇਤਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ।ਇਸ ਤੋਂ ਇਲਾਵਾ ਇਹ ਵੀ ਕਿਹਾ ਗਿਆ ਹੈ ਕਿ ਸ਼ਿਕਾਇਤਕਰਤਾ ਕਮਿਸ਼ਨ ਕੋਲ ਪਹੁੰਚ ਕਰਨ ਤੋਂ ਪਹਿਲਾਂ ਪਹਿਲੀ ਅਪੀਲੀ ਅਥਾਰਟੀ ਕੋਲ ਵੀ ਨਹੀਂ ਗਿਆ, ਜੋ ਕਿ ਗਲਤ ਹੈ। ਇਸ ਤਰ੍ਹਾਂ ਇਹ ਸ਼ਿਕਾਇਤ ਕੇਸ ਨਹੀਂ ਬਣਦਾ। ਉੱਤਰਦਾਤਾ ਵੱਲੋਂ ਹੁਣ ਸ਼ਿਕਾਇਤਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਇਸ ਕਰਕੇ ਸ਼ਿਕਾਇਤਕਰਤਾ ਨੂੰ ਕਿਹਾ

ਚਲਦਾ---ਪੰਨਾ/2

**<u>ਸ਼ਿਕਾਇਤ ਕੇਸ ਨੰ: 714 ਆਫ 2018</u>**

ਜਾਂਦਾ ਹੈ ਕਿ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਜੇਕਰ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ ਅਤੇ ਕਮਿਸ਼ਨ ਨੂੰ ਵੀ ਕਾਪੀ ਭੇਜੀ ਜਾਵੇ। ਇਸ ਲਈ ਇਹ ਕੇਸ **<u>ਅਗਲੀ ਸੁਣਵਾਈ ਮਿਤੀ 18-12-2018 ਨੂੰ 11.30 ਵਜੇ ਲਈ</u>** **ਨਿਸਚਿਤ ਕੀਤਾ ਜਾਂਦਾ ਹੈ।**

(ਨਿਧੱੜਕ ਸਿੰਘ ਬਰਾੜ)
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 01 **ਨਵੰਬਰ,** 2018.

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀਮਤੀ ਸੁਖਵੀਰ ਕੌਰ ਵਾਲੀਆ,
ਪਤਨੀ ਲੇਟ ਸ਼੍ਰੀ ਅਸ਼ੋਕ ਵਾਲੀਆ,
126, ਸਟਰੀਟ ਨੰ:5, ਨੌਰਥ ਐਸਟੇਟ,
ਬਠਿੰਡਾ। ...........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਸ਼੍ਰੀ ਸਨਾਤਨ ਧਰਮ ਗਰਲਜ਼ ਕਾਲਿਜ,
ਬਠਿੰਡਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪ੍ਰਿੰਸੀਪਲ,
ਸ਼੍ਰੀ ਸਨਾਤਨ ਧਰਮ ਗਰਲਜ਼ ਕਾਲਿਜ,
ਬਠਿੰਡਾ। ........ ਉੱਤਰਦਾਤਾ

**ਅਪੀਲ ਕੇਸ ਨੰ:2260 ਆਫ਼ 2018**

**ਹਾਜ਼ਰ:**

1) ਅਪੀਲਕਰਤਾ ਵਲੋ ਸ਼੍ਰੀ ਵਰੁਣ ਬਾਂਸਲ, ਐਡਵੋਕੇਟ (76961-45446) ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਬਿੰਦਰਜੀਤ ਸਿੰਘ, ਐਡਵੋਕੇਟ (98140-35192)।

**ਹੁਕਮ:-**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 26-02-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਪ੍ਰਿੰਸੀਪਲ, ਸ਼੍ਰੀ ਸਨਾਤਨ ਧਰਮ ਗਰਲਜ਼ ਕਾਲਿਜ, ਬਠਿੰਡਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਨੇ ਐਸ.ਐਸ.ਡੀ ਗਰਲਜ਼ ਕਾਲਿਜ ਦੀ ਮੈਨੇਜਿੰਗ ਕਮੇਟੀ ਵੱਲੋਂ ਪਾਸ ਕੀਤੇ ਗਏ ਮਿਤੀ 06-12-2017 ਨੂੰ ਪਾਸ ਕੀਤੇ ਗਏ ਮਤੇ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 24-03-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 06-07-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 10-08-2018 ਨੂੰ ਪਹਿਲੀ ਸੁਣਵਾਈ, ਮਿਤੀ 04-09-2018 ਨੂੰ ਸਵੇਰੇ 11-30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਦੇ ਨੁੰਮਾਇੰਦਿਆਂ ਨੂੰ ਸੁਣਿਆ ਗਿਆ। ਉੱਤਰਦਾਤਾ ਦੇ ਨੁੰਮਾਇੰਦੇ ਵਲੋਂ ਪੱਤਰ ਨੰ:SDG/461-464/2018-19 ਮਿਤੀ 29-10-2018 ਪੇਸ਼ ਕਰਦੇ ਹੋਏ ਦੱਸਿਆ ਗਿਆ ਹੈ ਕਿ ਅਪੀਲਕਰਤਾ ਨੂੰ ਮਿਤੀ 29-10-2018 ਨੂੰ ਰਜਿਸਟਰਡ ਡਾਕ ਰਾਹੀਂ ਮੰਗੀ ਗਈ ਸੂਚਨਾ ਭੇਜੀ ਜਾ ਚੁੱਕੀ ਹੈ ਅਤੇ ਇੱਕ ਕਾਪੀ ਪੇਸ਼ੀ ਦੌਰਾਨ ਵੀ ਅਪੀਲਕਰਤਾ ਦੇ ਨੁੰਮਾਇੰਦੇ ਨੂੰ ਦਸਤੀ ਵੀ ਦਿੱਤੀ ਗਈ ਹੈ।ਉਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਦੇ ਨੁੰਮਾਇੰਦੇ ਨੇ ਪ੍ਰਾਪਤ ਹੋਈ ਸੂਚਨਾ ਤੇ ਸੰਤੁਸ਼ਟੀ ਜ਼ਾਹਿਰ ਕੀਤੀ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ।ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 01 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਗਗਨਦੀਪ ਸਿੰਘ ਜੰਜੂਆ(9780643243)
ਪਿੰਡ: ਤੁਰਾ ਡਾਕ: ਕੁੰਭ ਤਹਿ: ਅਮਲੋਹ,
ਜਿਲ੍ਹਾ: ਫਤਿਹਗੜ੍ਹ ਸਾਹਿਬ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਤਹਿਸੀਲਦਾਰ, ਬੰਗਾ,
ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ।

ਪਹਿਲੀ ਅਪੀਲੀ ਅਥਾਰਟੀ
ਦਫਤਰ ਉਪ ਮੰਡਲ ਮੈਜਿਸਟਰੇਟ, ਬੰਗਾ,
ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ। ------ਉੱਤਰਦਾਤਾ

**ਅਪੀਲ ਕੇਸ ਨੰ:557 ਆਫ 2018**

**ਹਾਜ਼ਰ:-**

1) ਸ਼੍ਰੀ ਗਗਨਦੀਪ ਸਿੰਘ ਜੰਜੂਆ, ਅਪੀਲਕਰਤਾ ।
2) ਉੱਤਰਦਾਤਾ ਵੱਲੋਂ ਸ਼੍ਰੀ ਮਨਜੀਤ ਰਾਏ, ਪਟਵਾਰੀ (98765-14214) ਦਫਤਰ ਤਹਿਸੀਲਦਾਰ, ਬੰਗਾ।

**ਹੁਕਮ:-**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 09-10-2017 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਤਹਿਸੀਲਦਾਰ, ਬੰਗਾ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਨੇ ਪਿੰਡ ਚੱਕ ਕਲਾਲ, ਤਹਿਸੀਲ ਨਵਾਂ ਸ਼ਹਿਰ ਦੀ ਧਰਮਸ਼ਾਲਾ ਸੁਰਜਨ ਸਿੰਘ ਵਾਲੀ ਵਾਕਿਆਂ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 04-12-2017 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 06-02-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 22-03-2018 ਨੂੰ ਪਹਿਲੀ ਸੁਣਵਾਈ, ਮਿਤੀ 11-04-2018 ਨੂੰ ਸਵੇਰੇ 11-30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਮਨਜੀਤ ਰਾਏ, ਪਟਵਾਰੀ ਦਫਤਰ ਤਹਿਸੀਲਦਾਰ, ਬੰਗਾ ਨੇ ਪੱਤਰ ਨੰ:1330/ਟੀ.ਏ., ਮਿਤੀ 30-10-2018 ਪੇਸ਼ ਕੀਤਾ ਹੈ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਪੱਤਰ ਰਾਹੀਂ ਉਸ ਨੇ ਦੱਸਿਆ ਹੈ ਕਿ ਉਨ੍ਹਾਂ ਵੱਲੋਂ ਆਪਣੇ ਦਫ਼ਤਰ ਨਾਲ ਸਬੰਧਤ ਸੂਚਨਾ ਅਪੀਲਕਰਤਾ ਨੂੰ ਪਹਿਲਾਂ ਹੀ ਭੇਜੀ ਜਾ ਚੁੱਕੀ ਹੈ ਪਰੰਤੂ ਅਪੀਲਕਰਤਾ ਵੱਲੋ ਜ਼ੋ ਸਾਲ 1954-55 ਦੇ ਰਿਕਾਰਡ ਦੀ ਮੰਗ ਕੀਤੀ ਜਾ ਰਹੀ ਹੈ, ਉਸ ਸਮੇਂ ਤਹਿਸੀਲ ਨਵਾਂ ਸ਼ਹਿਰ ਅਤੇ ਜ਼ਿਲ੍ਹਾ ਜਲੰਧਰ ਸੀ। ਤਹਿਸੀਲ ਬੰਗਾ ਸਾਲ 2013 ਵਿਚ ਹੋਂਦ ਵਿੱਚ ਆਈ ਹੈ।ਇੰਤਕਾਲ ਨੰਬਰ 1153 ਦੇ ਮੁੱਠੇ ਦੇ ਨਾਲ ਪਿੰਡ ਚੱਕ ਕਲਾਲ ਦਾ ਰਿਕਾਰਡ ਅਪੀਲਕਰਤਾ

ਚਲਦਾ---ਪੰਨਾ/2

**ਅਪੀਲ ਕੇਸ ਨੰ:557 ਆਫ਼ 2018**

ਨੂੰ ਮੁਹੱਈਆ ਕਰਵਾਇਆ ਜਾਣਾ ਹੈ ਜੋ ਕਿ ਅਸਲ ਇੰਤਕਾਲ ਨੰਬਰ 1153 ਪਿੰਡ ਚੱਕ ਕਲਾਲ ਪ੍ਰਾਪਤ ਹੋ ਚੁੱਕਾ ਹੈ ਜਿਸ ਦੀ ਕਾਪੀ ਅਪੀਲਕਰਤਾ ਨੂੰ ਮੁਹੱਈਆ ਕਰਵਾ ਦਿੱਤੀ ਗਈ ਸੀ। ਪਰ ਉਸ ਦੇ ਨਾਲ ਦਾ ਮਤਫਰਕ ਕਾਗਜਾਤ ਦਾ ਮੁੱਠਾ ਤਹਿਸੀਲਦਾਰ ਦ਼ਫਤਰ ਨਵਾਂ ਸ਼ਹਿਰ ਦਫ਼ਤਰ ਕਾਨੂੰਗੋ ਬਰਾਂਚ ਵਿੱਚ ਹੈ। ਇਸ ਸਬੰਧੀ ਤਹਿਸੀਲਦਾਰ ਨਵਾਂ ਸ਼ਹਿਰ ਨੂੰ ਉਨ੍ਹਾਂ ਦੇ ਦਫ਼ਤਰ ਦੇ ਪੱਤਰ ਨੰ:1307-ਟੀ.ਏ., ਮਿਤੀ 18-10-2018 ਰਾਹੀਂ ਉਕਤ ਰਿਕਾਰਡ ਭੇਜਣ ਲਈ ਲਿਖਿਆ ਗਿਆ ਸੀ ਪਰੰਤੂ ਉਨ੍ਹਾਂ ਵੱਲੋਂ ਅਜੇ ਤੱਕ ਰਿਕਾਰਡ ਤਹਿਸੀਲਦਾਰ ਬੰਗਾ ਦੇ ਦਫ਼ਤਰ ਨੂੰ ਨਹੀਂ ਭੇਜਿਆ ਗਿਆ। ਇਸ ਲਈ ਉਨ੍ਹਾਂ ਵੱਲੋਂ ਤਹਿਸੀਲਦਾਰ ਨਵਾਂ ਸ਼ਹਿਰ ਨੂੰ ਸੰਮਨ ਜਾਰੀ ਕਰਨ ਲਈ ਬੇਨਤੀ ਕੀਤੀ ਗਈ ਹੈ। ਕਿਉਂਕਿ ਅਪੀਲਕਰਤਾ ਨੂੰ ਸੂਚਨਾ ਤਹਿਸੀਲਦਾਰ ਨਵਾਂ ਸ਼ਹਿਰ ਦੇ ਦਫ਼ਤਰ ਵੱਲੋਂ ਮੁਹੱਈਆ ਕਰਵਾਈ ਜਾਣੀ ਬਣਦੀ ਹੈ ਇਸ ਲਈ ਲੋਕ ਸੂਚਨਾ ਅਧਿਕਾਰੀ ਦਫ਼ਤਰ ਤਹਿਸੀਲਦਾਰ ਨਵਾਂ ਸ਼ਹਿਰ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਦੁਆਰਾ ਭੇਜ ਕੇ ਪੇਸ਼ੀ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ **ਮਿਤੀ 17-12-2018 ਨੂੰ ਸਵੇਰੇ 11-30 ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 01 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਕਾਪੀ:-**

(ਰਜਿਸਟਰਡ) ਲੋਕ ਸੂਚਨਾ ਅਧਿਕਾਰੀ,
ਦਫ਼ਤਰ ਤਹਿਸੀਲਦਾਰ, ਨਵਾਂ ਸ਼ਹਿਰ,

ਨੂੰ ਤੁਰੰਤ ਲੋੜੀਂਦੀ ਕਾਰਵਾਈ ਹਿੱਤ।

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਹੰਸ ਰਾਜ, (94638-35330)
ਐਂਟੀ ਕੁਰੱਪਸ਼ਨ ਯੰਗ ਐਜੂਕੇਸ਼ਨ ਸੁਸਾਇਟੀ (ਰਜਿਸਟਰਡ),
ਮੋਗਾ (ਪੰਜਾਬ) #C/o 70,
ਜ਼ਿਲ੍ਹਾ ਅਦਾਲਤ, ਮੋਗਾ। ........ਸ਼ਿਕਾਇਤਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਮਿਸ਼ਨਰ,
ਫਿਰੋਜ਼ਪੁਰ ਡਿਵੀਜ਼ਨ,
ਫਿਰੋਜ਼ਪੁਰ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:660 ਆਫ਼ 2018**

**ਹਾਜ਼ਰ:**

1) ਸ਼੍ਰੀ ਹੰਸ ਰਾਜ, ਸ਼ਿਕਾਇਤਕਰਤਾ।
2) ਉੱਤਰਦਾਤਾ ਜ਼ਿਲ੍ਹਾ ਸਿੱਖਿਆ ਅਫਸਰ (ਸ), ਮੋਗਾ ਵੱਲੋਂ ਸ਼੍ਰੀ ਸਤੀਸ਼ ਕੁਮਾਰ, ਸਹਾਇਕ (98880-14329)।

**ਹੁਕਮ:-**

ਸ਼ਿਕਾਇਤਕਰਤਾ ਨੇ ਅੱਜ ਹਾਜ਼ਰ ਹੋ ਕੇ ਦੱਸਿਆ ਹੈ ਕਿ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਸ਼੍ਰੀ ਪਰਦੀਪ ਸ਼ਰਮਾ, ਜ਼ਿਲ੍ਹਾ ਸਿੱਖਿਆ ਅਫਸਰ (ਸ), ਮੋਗਾ ਦੀ ਤਰਫੋਂ ਸ਼੍ਰੀ ਸਤੀਸ਼ ਕੁਮਾਰ, ਸਹਾਇਕ ਸ਼ਿਕਾਇਤਕਰਤਾ ਦੇ ਪੇਸ਼ੀ ਭੁਗਤ ਕੇ ਜਾਣ ਤੋਂ ਬਾਅਦ ਪੇਸ਼ ਹੋਇਆ ਹੈ। ਸਬੰਧਤ ਕਰਮਚਾਰੀ ਵੱਲੋਂ ਪੱਤਰ ਨੰ:ਐਲ.ਏ./ਆਰ.ਟੀ.ਆਈ.-2005/2018/ ਸਪੈਸ਼ਲ, ਮਿਤੀ 01-11-2018 ਸਮੇਤ ਸ਼ਿਕਾਇਤਕਰਤਾ ਨੂੰ ਦਿੱਤੀ ਜਾਣ ਵਾਲੀ ਨੁਕਤਾ ਨੰ:3 ਅਤੇ 4 ਦੀ ਸੂਚਨਾ ਪੇਸ਼ ਕੀਤਾ ਗਿਆ ਹੈ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਲੋਕ ਸੂਚਨਾ ਅਧਿਕਾਰੀ, ਦਫ਼ਤਰ ਜ਼ਿਲ੍ਹਾ ਸਿੱਖਿਆ ਅਫਸਰ(ਸੈਕੰਡਰੀ), ਮੋਗਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਨੁਕਤਾ ਨੰ:3 ਅਤੇ 4 ਸਬੰਧੀ ਸੂਚਨਾ ਸ਼ਿਕਾਇਤਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜ਼ ਕੇ ਪੇਸ਼ੀ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਸ਼ਿਕਾਇਤਕਰਤਾ ਨੂੰ ਕਿਹਾ ਜਾਂਦਾ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕਿਸੇ ਕਿਸਮ ਦੀ ਤਰੁੱਟੀ ਪਾਈ ਜਾਵੇ ਤਾਂ ਉਸ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਹੀ ਲੋਕ ਸੂਚਨਾ ਅਧਿਕਾਰੀ, ਦਫ਼ਤਰ ਜ਼ਿਲ੍ਹਾ ਸਿੱਖਿਆ ਅਫਸਰ(ਸੈਕੰਡਰੀ), ਮੋਗਾ ਨੂੰ ਸੂਚਿਤ ਕੀਤਾ ਜਾਵੇ।

2. ਪਿਛਲੀ ਪੇਸ਼ੀ ਮਿਤੀ, 09-10-2018 ਤੇ ਲੋਕ ਸੂਚਨਾ ਅਧਿਕਾਰੀ, ਦਫ਼ਤਰ ਕਮਿਸ਼ਨਰ, ਫਿਰੋਜ਼ਪੁਰ ਡਿਵੀਜ਼ਨ, ਫਿਰੋਜ਼ਪੁਰ ਵੱਲੋਂ ਹਾਜ਼ਰ ਸ਼੍ਰੀ ਗੁਰਪਾਲ ਸਿੰਘ, ਸੀਨੀਅਰ ਸਹਾਇਕ ਨੇ ਕਿਹਾ ਸੀ ਕਿ ਆਰ.ਟੀ.ਆਈ. ਦੇ ਨੁਕਤਾ ਨੰ:1 ਸਬੰਧੀ ਸੂਚਨਾ ਪਹਿਲਾਂ ਹੀ ਸ਼ਿਕਾਇਤਕਰਤਾ ਨੂੰ ਭੇਜੀ ਜਾ ਚੁੱਕੀ ਹੈ ਅਤੇ ਨੁਕਤਾ ਨੰ:2 ਬਾਰੇ ਸੂਚਨਾ ਸ਼ਿਕਾਇਤਕਰਤਾ ਨੂੰ ਭੇਜ਼ ਦਿੱਤੀ ਜਾਵੇਗੀ। ਪਰੰਤੂ ਉਨ੍ਹਾਂ ਵੱਲੋਂ ਸ਼ਿਕਾਇਤਕਰਤਾ ਨੂੰ ਨੁਕਤਾ ਨੰ:2 ਬਾਰੇ ਅਜੇ ਤੱਕ ਸੂਚਨਾ ਨਹੀਂ ਭੇਜੀ ਗਈ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਪੇਸ਼ੀ ਤੇ ਕੋਈ ਹਾਜ਼ਰ ਹੀ ਹੋਇਆ ਹੈ। ਇਸ ਲਈ ਲੋਕ ਸੂਚਨਾ ਅਧਿਕਾਰੀ, ਦਫ਼ਤਰ ਕਮਿਸ਼ਨਰ, ਫਿਰੋਜ਼ਪੁਰ ਡਿਵੀਜ਼ਨ, ਫਿਰੋਜ਼ਪੁਰ ਨੂੰ ਵੀ ਹਦਾਇਤ ਕੀਤੀ ਜਾਂਦੀ ਹੈ ਕਿ ਨੁਕਤਾ ਨੰ:2 ਸਬੰਧੀ ਸੂਚਨਾ ਸ਼ਿਕਾਇਤਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜ਼ ਕੇ ਪੇਸ਼ੀ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ।ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 18-12-2018 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 01 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਕਾਪੀ:-**

ਲੋਕ ਸੂਚਨਾ ਅਧਿਕਾਰੀ ਦਫ਼ਤਰ ਜ਼ਿਲ੍ਹਾ ਸਿੱਖਿਆ ਅਫਸਰ(ਸੈਕੰਡਰੀ), ਮੋਗਾ;

ਨੂੰ ਤੁਰੰਤ ਲੋੜੀਂਦੀ ਕਾਰਵਾਈ ਹਿੱਤ।